ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਪੰਜਾਬ ਸਰਕਾਰ ਦਾ ਪਲੇਠਾ ਬਜਟ ਲੋਕ ਹਿਤੈਸ਼ੀ ਅਤੇ ਸਾਰੇ ਵਰਗਾਂ ਨੂੰ ਰਾਹਤ ਦੇਣ ਵਾਲਾ-ਵਿਧਾਇਕ ਡਾ:ਹਰਜੋਤ, ਲੋਹਗੜ ਅਤੇ ਬਰਾੜ

- **ਕੈਪਟਨ ਸਰਕਾਰ ਨੇ ਕਿਸਾਨਾਂ ਦਾ ਕਰਜ਼ਾ ਮੁਆਫ਼ ਕਰਕੇ ਮਾਣਮੱਤੀ ਪੰਜਾਬੀ ਕਿਸਾਨੀ ਦੀ ਫ਼ੜੀ ਬਾਂਹ**
- **ਕਿਸਾਨ, ਮਜ਼ਦੂਰ, ਗਰੀਬ ਵਰਗ, ਵਪਾਰੀ ਵਰਗ ਤੋਂ ਇਲਾਵਾ ਹਰ ਵਰਗ ਦੇ ਲੋਕਾਂ ਨੂੰ ਵੱਡੀਆਂ ਰਾਹਤਾਂ ਦੇ ਕੇ ਕੀਤਾ ਵਿਕਾਸ ਮੁਖੀ ਬਜ਼ਟ ਪੇਸ਼**
- **ਬੁਢਾਪਾ, ਵਿਧਵਾ ਅਤੇ ਹੋਰ ਪੈਨਸ਼ਨਾਂ ਦੀ ਰਾਸ਼ੀ 500 ਰੁਪਏ ਤੋਂ ਵਧਾ ਕੇ 750 ਰੁਪਏ ਕੀਤੀ**
- **'ਅਸ਼ੀਰਵਾਦ ਸਕੀਮ ' ਤਹਿਤ ਰਾਸ਼ੀ 15 ਹਜ਼ਾਰ ਰੁਪਏ ਤੋਂ ਵਧਾ ਕੇ 21 ਹਜ਼ਾਰ ਰੁਪਏ ਕਰਨਾ ਵੀ ਸ਼ਲਾਘਾਯੋਗ ਕਦਮ**

ਮੋਗਾ 21 ਜੂਨ:

ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਪਲੇਠਾ ਬਜਟ ਲੋਕ ਹਿਤੈਸ਼ੀ ਅਤੇ ਸਾਰੇ ਵਰਗਾਂ ਨੂੰ ਰਾਹਤ ਦੇਣ ਵਾਲਾ ਹੈ। ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਨੇ 5 ਏਕੜ ਜਮੀਨ ਵਾਲੇ ਛੋਟੇ ਤੇ ਦਰਮਿਆਨੇ ਕਿਸਾਨਾਂ ਦਾ 2 ਲੱਖ ਰੁਪਏ ਤੱਕ ਦਾ ਕਰਜ਼ਾ ਮੁਆਫ਼ ਕਰਕੇ ਮਾਣਮੱਤੀ ਪੰਜਾਬੀ ਕਿਸਾਨੀ ਦੀ ਬਾਂਹ ਫੜੀ ਹੈ। ਮੁੱਖ ਮੰਤਰੀ ਦੇ ਇਸ ਇਤਿਹਾਸਕ ਫ਼ੈਸਲੇ ਨਾਲ 10 ਲੱਖ 25 ਹਜ਼ਾਰ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ।

ਇਹ ਪ੍ਰਗਟਾਵਾ ਵਿਧਾਇਕ ਮੋਗਾ ਡਾ: ਹਰਜੋਤ ਕਮਲ, ਵਿਧਾਇਕ ਧਰਮਕੋਟ ਸ. ਸੁਖਜੀਤ ਸਿੰਘ ਲੋਹਗੜ ਅਤੇ ਵਿਧਾਇਕ ਬਾਘਾਪੁਰਾਣਾ ਸ. ਦਰਸ਼ਨ ਸਿੰਘ ਬਰਾੜ ਨੇ ਮੀਡੀਆ ਦੇ ਨਾਂ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕੀਤਾ। ਉਨਾਂ ਕਿਸਾਨ ਦੀ ਪੱਕੀ ਫ਼ਸਲ 'ਤੇ ਬੇਵਕਤੀ ਮੀਂਹ, ਗੜੇਮਾਰੀ ਜਾਂ ਹੋਰ ਕੁਦਰਤੀ ਆਫ਼ਤਾਂ ਨਾਲ ਖਰਾਬ ਹੋਣ ਦੀ ਸੂਰਤ ਵਿੱਚ ਮੌਜੂਦਾ ਪ੍ਰਤੀ ਏਕੜ ਤੈਅ ਦਰ 8 ਹਜ਼ਾਰ ਰੁਪਏ ਤੋ ਵਧਾ ਕੇ 12 ਹਜ਼ਾਰ ਰੁਪਏ ਕਰਨ ਲਈ ਸਰਕਾਰ ਦੇ ਫ਼ੈਸਲੇ ਦਾ ਵੀ ਭਰਵਾਂ ਸਵਾਗਤ ਕਰਦਿਆਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਹੀ ਕਿਸਾਨ ਹਿਤੈਸ਼ੀ ਫ਼ੈਸਲੇ ਲੈ ਸਕਦੀ ਹੈ। ਉਨ੍ਹਾਂ ਕੈਪਟਨ ਸਰਕਾਰ ਵੱਲੋਂ ਸਨਅਤਾਂ ਨੂੰ 5 ਰੁਪਏ ਪ੍ਰਤੀ ਯੂਨਿਟ ਬਿਜਲੀ ਸਪਲਾਈ ਦੇਣ ਦੇ ਫ਼ੈਸਲੇ ਦਾ ਵੀ ਭਰਪੂਰ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬ ਦੀ ਸਨਅਤ ਮੁੜ ਲੀਹ 'ਤੇ ਆ ਕੇ ਹੋਰ ਵਿਕਸਿਤ ਹੋਵੇਗੀ, ਜਿਸ ਸਦਕਾ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਡੀ ਪੱਧਰ 'ਤੇ ਮੌਕੇ ਪੈਦਾ ਹੋਣਗੇ। ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਸ. ਮਨਪ੍ਰੀਤ ਸਿੰਘ ਬਾਦਲ ਨੇ ਇਸ ਬਜਟ ਵਿੱਚ ਬੁਢਾਪਾ, ਵਿਧਵਾ ਅਤੇ ਹੋਰ ਪੈਨਸ਼ਨਾਂ ਦੀ ਰਾਸ਼ੀ 500 ਰੁਪਏ ਤੋਂ ਵਧਾ ਕੇ 750 ਰੁਪਏ ਕਰਨਾ, ਗਰੀਬ ਲੜਕੀਆਂ ਦੀ ਸ਼ਾਦੀ ਲਈ 'ਅਸ਼ੀਰਵਾਦ ਸਕੀਮ ' ਅਧੀਨ ਰਾਸ਼ੀ 15 ਹਜ਼ਾਰ ਰੁਪਏ ਤੋਂ ਵਧਾ ਕੇ 21 ਹਜ਼ਾਰ ਰੁਪਏ ਕਰਨਾ ਵੀ ਸ਼ਲਾਘਾਯੋਗ ਕਦਮ ਹੈ। ਪੇਡੂ ਚੌਕੀਦਾਰਾਂ ਦਾ ਮਾਣ-ਭੱਤਾ 1,250 ਰੁਪਏ ਪ੍ਰਤੀ ਮਹੀਨਾ ਕੀਤਾ ਗਿਆ ਹੈ, ਜਿਸ ਨਾਲ ਸੂਬੇ ਦੇ 10,540 ਚੌਕੀਦਾਰਾਂ ਨੂੰ ਲਾਭ ਮਿਲੇਗਾ।

ਪੰਜਾਬ ਵਿਧਾਨ ਸਭਾ ਵਿੱਚ ਵਿੱਤ ਮੰਤਰੀ ਸ੍ਰ: ਮਨਪ੍ਰੀਤ ਸਿੰਘ ਬਾਦਲ ਵੱਲੋਂ ਪੇਸ਼ ਕੀਤੇ ਗਏ ਲੋਕ ਹਿਤੈਸ਼ੀ ਬਜ਼ਟ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਕੈਪਟਨ ਸਰਕਾਰ ਦਾ ਇਹ ਪਹਿਲਾ ਅਜਿਹਾ ਬਜਟ ਹੈ, ਜਿਸ ਵਿੱਚ ਕੋਈ ਵੀ ਨਵਾਂ ਟੈਕਸ ਨਹੀ ਲਗਾਇਆ ਗਿਆ। ਸਗੋਂ ਵਿੱਤ ਮੰਤਰੀ ਨੇ ਕਿਸਾਨ, ਮਜ਼ਦੂਰ, ਗਰੀਬ ਵਰਗ, ਵਪਾਰੀ ਵਰਗ ਤੋਂ ਇਲਾਵਾ ਹਰ ਵਰਗ ਦੇ ਲੋਕਾਂ ਨੂੰ ਵੱਡੀਆਂ ਰਾਹਤਾਂ ਦੇ ਕੇ ਇੱਕ ਵਿਕਾਸ ਮੁਖੀ ਬਜ਼ਟ ਪੇਸ਼ ਕੀਤਾ ਹੈ। ਉਨ੍ਹਾਂ ਆਖਿਆ ਕਿ ਇਸ ਬਜਟ ਵਿੱਚ ਖੇਤੀਬਾੜੀ ਦੇ ਵਿਕਾਸ ਲਈ 10580.99 ਕਰੋੜ ਰੁਪਏ ਦੀ ਵਿਵਸਥਾ ਕਰਕੇ ਕਿਸਾਨੀ ਦੇ ਵਿਕਾਸ ਲਈ ਇੱਕ ਵਿਸ਼ੇਸ਼ ਉਪਰਾਲਾ ਕੀਤਾ ਹੈ। ਇਸ ਤੋਂ ਇਲਾਵਾ ਕਰਜ਼ਾਈ ਕਿਸਾਨਾਂ ਨੂੰ ਕਰਜ਼ੇ ਤੋਂ ਰਾਹਤ ਦੇਣ ਲਈ 1500 ਕਰੋੜ ਰੁਪਏ ਦੀ ਵਿਵਸਥਾ ਕਰਨਾ ਵੀ ਸ਼ਲਾਘਾਯੋਗ ਕਦਮ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਵੱਲੋ ਸਿੱਖਿਆ ਦੇ ਮਿਆਰ ਨੂੰ ਉੱਪਰ ਚੁੱਕਣ ਲਈ ਵਚਨਬੱਧਤਾ ਦੁਹਰਾਉਦਿਆਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ ' ਤਹਿਤ ਸਮੁਦਾਇਕ ਭਾਗੀਦਾਰੀ ਵਿਸ਼ੇਸ਼ ਤੌਰ 'ਤੇ ਪ੍ਰਵਾਸੀ ਭਾਰਤੀਆਂ ਨੂੰ ਪ੍ਰੋਤਸਾਹਿਤ ਤੇ ਸੁਵਿਧਾਵਾਂ ਪ੍ਰਦਾਨ ਕਰਨ ਦੀ ਵੀ ਬਜਟ ਵਿੱਚ ਵਿਵਸਥਾ ਕੀਤੀ ਗਈ ਹੈ। ਇਸ ਤੋ ਇਲਾਵਾ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਕੰਪਿਊਟਰ ਮੁਹੱਈਆ ਕਰਵਾਉਣ ਲਈ 10 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ। 48

ਸਰਕਾਰੀ ਕਾਲਜਾਂ ਵਿੱਚ ਮੁਫ਼ਤ ਇੰਟਰਨੈਟ ਕੁਨੈਕਟੀਵਿਟੀ ਮੁਹੱਈਆ ਕਰਵਾਉਣ ਅਤੇ ਪਛੜੇ ਖੇਤਰਾਂ ਵਿੱਚ 5 ਨਵੇ ਡਿਗਰੀ ਕਾਲਜ ਖੋਲ੍ਹਣ ਦਾ ਫ਼ੈਸਲਾ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਵੱਲੋਂ ਪੰਜਾਬ ਵਿੱਚ ਨਵੇਂ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਸ਼ਹੀਦ ਭਗਤ ਸਿੰਘ ਰੋਜ਼ਗਾਰ ਸਿਰਜਨ ਯੋਜਨਾ ਅਧੀਨ 'ਯਾਰੀ ਇੰਟਰਪ੍ਰਾਈਜ਼ਜ਼ ਤਹਿਤ ਨੌਜਵਾਨਾਂ ਨੂੰ ਆਪਣਾ ਰੋਜ਼ਗਾਰ ਸ਼ੁਰੂ ਕਰਨ ਲਈ 3 ਫ਼ੀਸਦੀ ਵਿਆਜ਼ ਦਰ 'ਤੇ ਕਰਜ਼ੇ ਮੁਹੱਈਆ ਕਰਾਉਣ ਲਈ 50 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ ਅਤੇ ਇਸ ਸਕੀਮ ਤਹਿਤ ਇੱਕ ਲੱਖ ਤੋ ਵੱਧ ਨੌਕਰੀਆਂ ਸਿਰਜੀਆਂ ਜਾਣਗੀਆਂ। ਸਿਹਤ ਸੇਵਾਵਾਂ ਵਿੱਚ ਸੁਧਾਰ ਲਿਆਉਣ ਲਈ 1,358 ਕਰੋੜ ਰੁਪਏ, ਸ਼ਹਿਰੀ ਵਿਕਾਸ ਲਈ 4610.59 ਕਰੋੜ ਰੁਪਏ ਦੀ ਵਿਵਸਥਾ ਕਰਨ, ਮਨਰੇਗਾ ਸਕੀਮ ਅਧੀਨ ਰੋਜ਼ਗਾਰ ਮੁਹੱਈਆ ਕਰਾਉਣ ਲਈ 313.23 ਕਰੋੜ ਰੁਪਏ, ਪ੍ਰਧਾਨ ਮੰਤਰੀ ਆਵਾਸ ਯੋਜਨਾ ਲਈ 208.13ਕਰੋੜ ਰੁਪਏ, ਗਰੀਬਾਂ ਲਈ 2000 ਮਕਾਨਾਂ ਦੀ ਉਸਾਰੀ ਲਈ 25 ਕਰੋੜ ਰੁਪਏ, ਆਟਾ ਦਾਲ ਸਕੀਮ ਦਾ ਪੁਨਰ ਨਿਰਮਾਣ ਕਰਨ ਅਤੇ ਗਰੀਬੀ ਰੇਖਾ ਤੋ ਹੇਠਾਂ ਰਹਿ ਰਹੇ (ਬੀ.ਪੀ.ਐਲ) ਪ੍ਰੀਵਾਰਾਂ ਨੂੰ ਚਾਹ-ਪੱਤੀ ਅਤੇ ਚੀਨੀ ਮੁਹੱਈਆ ਕਰਾਉਣ ਲਈ 500 ਕਰੋੜ ਰੁਪਏ ਦੀ ਵਿਵਸਥਾ, ਪੇਂਡੂ ਜਲ ਸਪਲਾਈ ਲਈ 873.35 ਕਰੋੜ ਰੁਪਏ ਮੁਹੱਈਆ ਕਰਾਉਣ ਲਈ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਮਾਲੀ ਸਹਾਇਤਾ ਦੇਣ ਲਈ 20 ਕਰੋੜ ਰੁਪਏ ਦੀ ਵਿਵਸਥਾ ਕਰਨਾ ਵੀ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਆਖਿਆ ਕਿ 2,000 ਖੇਤੀਬਾੜੀ ਸੋਲਰ ਪੰਪ ਸੈਟ ਲਗਾਉਣ ਲਈ 100 ਕਰੋੜ ਰੁਪਏ ਦੀ ਵਿਵਸਥਾ ਕਰਨਾ ਵੀ ਇਸ ਬਜਟ ਦੀ ਇੱਕ ਵਿਸ਼ੇਸ਼ਤਾ ਹੈ।

---

ਨੰ: ਪੀ.ਆਰ(ਪ੍ਰੈ ਰੀ)2017/340